ਦਫਤਰ ਜਿਲਾ ਮੈਜਿਸਟਰੇਟ, ਜਲੰਧਰ
Office of the District Magistrate
Jalandhar (Punjab)

No. ........................
Date ........................

Phone :0181-2224783(O)
:0181-2459664(R)
Fax :0181-2224727
Email: dc.jal@punjabmail.gov.in

**ਹੁਕਮ-**

ਕੋਵਿਡ-19 (ਕਰੋਨਾ ਵਾਇਰਸ) ਵਾਇਰਸ ਵੱਲੋਂ ਪੂਰੇ ਵਿਸ਼ਵ ਵਿੱਚ ਦਹਿਸ਼ਤ ਫੈਲਾਈ ਹੈ। ਜਿਸ ਨੂੰ ਸਰਕਾਰ ਵੱਲੋਂ ਵੀ ਮਹਾਂਮਾਰੀ ਬਿਮਾਰੀ ਘੋਸ਼ਿਤ ਕੀਤਾ ਜਾ ਚੁੱਕਾ ਹੈ ਅਤੇ ਇਸ ਨੇ ਆਪਣੇ ਪੈਰ ਭਾਰਤ ਵਿੱਚ ਵੀ ਪਸਾਰਨੇ ਸ਼ੁਰੂ ਕਰ ਦਿੱਤੇ ਹਨ। ਜਿਸ ਦੀ ਰੋਕਥਾਮ ਕਰਨੀ ਬਹੁਤ ਜਰੂਰੀ ਹੋ ਚੁੱਕੀ ਹੈ। ਜਿਸ ਸਬੰਧੀ ਇਸ ਦਫਤਰ ਦੇ ਪੱਤਰ ਨੰ 3062-85/ਐਮ.ਸੀ-4/ਐਮ.ਏ ਮਿਤੀ 23-03-2020 ਰਾਂਹੀ ਜਿਲ੍ਹਾ ਜਲੰਧਰ ਵਿੱਚ ਕਰਫਿਊ ਲਾਗੂ ਕਰਨ ਸਬੰਧੀ ਹੁਕਮ ਜਾਰੀ ਕੀਤੇ ਗਏ ਸਨ।

ਕਣਕ ਦੀ ਕਟਾਈ ਦਾ ਸੀਜ਼ਨ ਸ਼ੁਰੂ ਹੋ ਰਿਹਾ ਹੈ ਜਿਸ ਕਾਰਨ ਮੰਡੀਆਂ ਵਿੱਚ ਕਣਕ ਦੀ ਆਮਦ ਸ਼ੁਰੂ ਹੋ ਜਾਵੇਗੀ। ਜਿਸ ਲਈ ਮੰਡੀਆਂ ਦੇ ਵਿੱਚ ਮਸ਼ੀਨੀ ਝਾੜਨੇ ਅਤੇ ਅਨਾਜ ਨੂੰ ਤੋਲਣ ਲਈ ਕੰਡੇ ਪ੍ਰਯੋਗ ਕੀਤੇ ਜਾਂਦੇ ਹਨ ਅਤੇ ਇਨ੍ਹਾਂ ਵਿੱਚ ਕਿਸੇ ਸਮੇਂ ਵੀ ਅਚਾਨਕ ਖਰਾਬੀ ਪੈ ਜਾਣ ਕਾਰਨ ਇਨ੍ਹਾਂ ਦੀ ਮੁਰਮੰਤ ਕਰਵਾਈਆ ਜਾਣਾ ਅਤਿ ਜ਼ਰੂਰੀ ਹੈ।

ਇਸ ਲਈ ਮੰਡੀਆਂ ਦੇ ਵਿੱਚ ਮਸ਼ੀਨੀ ਝਾੜਨੇ ਅਤੇ ਅਨਾਜ ਨੂੰ ਤੋਲਨ ਲਈ ਜੋ ਕੰਡੇ ਪ੍ਰਯੋਗ ਕੀਤੇ ਜਾਂਦੇ ਹਨ, ਜੇਕਰ ਇਨ੍ਹਾਂ ਦੀ ਰਿਪੇਅਰ ਜਾਂ ਸਪੇਅਰ ਪਾਰਟਸ ਦੀ ਲੋੜ ਹੋਵੇਂ ਤਾਂ ਇਨ੍ਹਾਂ ਲਈ ਸਪੇਅਰ ਪਾਰਟਸ ਦੀਆਂ ਦੁਕਾਨਾਂ ਸਵੇਰੇ 5 ਤੋਂ ਸਵੇਰੇ 8 ਵਜੇ ਤੱਕ ਖੋਲਣ ਦੇ ਆਦੇਸ਼ ਇਸ ਸ਼ਰਤ ਤੇ ਦਿੱਤੇ ਜਾਂਦੇ ਹਨ ਕਿ ਦੁਕਾਨ ਦੇ ਮਾਲਕਾਂ ਵਲੋਂ ਕੋਵਿਡ-19 ਦੀ ਬੀਮਾਰੀ ਨੂੰ ਧਿਆਨ ਵਿੱਚ ਰਖਦੇ ਹੋਏ ਸੋਸ਼ਲ ਡਿਸਟੈਂਸਿੰਗ ਦੀ ਪਾਲਣਾ ਤੇ ਮਾਸਕ, ਸੈਨੇਟਾਇਜ਼ਰ ਆਦਿ ਦੀ ਵਰਤੋਂ ਕਰਨਾ ਯਕੀਨੀ ਬਣਾਇਆ ਜਾਵੇਗਾ। ਦੁਕਾਨ ਮਾਲਕਾਂ ਵਲੋਂ ਸਰਕਾਰ ਅਤੇ ਸਿਹਤ ਵਿਭਾਗ ਵਲੋਂ ਸਮੇਂ-ਸਮੇਂ ਤੇ ਕੋਵਿਡ-19 ਸਬੰਧੀ ਜਾਰੀ ਹਦਾਇਤਾਂ ਅਨੁਸਾਰ ਇਹਤਿਹਾਤ ਵੀ ਵਰਤੀ ਜਾਵੇਗੀ। ਉਕਤ ਸਬੰਧੀ ਪਾਸ ਜਿਲ੍ਹਾ ਮੰਡੀ ਅਫਸਰ ਵਲੋਂ ਸਬੰਧਤ ਮਾਰਕਿਟ ਕਮੇਟੀ ਦੇ ਸਕੱਤਰ ਰਾਹੀਂ ਆਨਲਈਨ ਅਪਲਾਈ ਕਰਵਾਏ ਜਾਣਗੇ ਅਤੇ ਸ੍ਰੀ ਬਰਿੰਦਰ ਸਿੰਘ, ਡਿਪਟੀ ਜਿਲ੍ਹਾ ਮੰਡੀ ਅਫਸਰ, ਜਲੰਧਰ (ਮੋਬਾਇਲ ਨੰ. 99882-12210) ਵਲੋਂ ਮੰਜੂਰ ਕੀਤੇ ਜਾਣਗੇ।

ਕੇਂਦਰ ਅਤੇ ਰਾਜ ਸਰਕਾਰ ਵੱਲੋਂ ਕੋਵਿਡ-19 ਨੂੰ ਮਹਾਂਮਾਰੀ ਘੋਸ਼ਿਤ ਕਰਕੇ National Disaster Management Act, 2005 ਅਤੇ Epidemic Diseases Act, 1897 ਨੂੰ Invoke ਕੀਤਾ ਜਾ ਚੁੱਕਾ ਹੈ। ਇਸ ਲਈ ਇਹ ਆਰਡਰ ਲੋਕ ਹਿੱਤ ਨੂੰ ਧਿਆਨ ਵਿੱਚ ਰਖਦੇ ਹੋਏ ਕੀਮਤੀ ਮਨੁੱਖੀ ਜਾਨਾਂ ਨੂੰ ਬਚਾਉਣ ਲਈ ਪਾਸ ਕੀਤਾ ਜਾ ਰਿਹਾ ਹੈ।

ਜਿਲ੍ਹਾ ਮੈਜਿਸਟਰੇਟ,
ਜਲੰਧਰ।

ਪਿੱਠ ਅੰਕਣ ਨੰ. 6021-40 /ਐਮ.ਸੀ.4/ਐਮ.ਏ ਮਿਤੀ- 15-04-2020

ਇਸ ਦਾ ਇਕ ਉਤਾਰਾ ਹੇਠ ਦਰਜ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ
2. ਵਧੀਕ ਮੁੱਖ ਸਕੱਤਰ, ਪੰਜਾਬ ਸਰਕਾਰ ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ, ਚੰਡੀਗੜ੍ਹ।
3. ਕਮਿਸ਼ਨਰ ਜਲੰਧਰ ਮੰਡਲ, ਜਲੰਧਰ
4. ਕਮਿਸ਼ਨਰ ਆਫ ਪੁਲਿਸ ਜਲੰਧਰ ਅਤੇ ਸੀਨੀਅਰ ਪੁਲਿਸ ਕਪਤਾਨ (ਦਿਹਾਤੀ) ਜਲੰਧਰ
5. ਕਮਿਸ਼ਨਰ ਨਗਰ ਨਿਗਮ, ਜਲੰਧਰ
6. ਸਮੂਹ ਉਪ ਮੰਡਲ ਮੈਜਿਸਟਰੇਟ, ਜਿਲ੍ਹਾ ਜਲੰਧਰ।
7. ਜਿਲ੍ਹਾ ਮੰਡੀ ਅਫਸਰ, ਜਲੰਧਰ
8. ਡਿਪਟੀ ਜਿਲ੍ਹਾ ਮੰਡੀ ਅਫਸਰ, ਜਲੰਧਰ
9. ਜਿਲ੍ਹਾ ਲੋਕ ਸਪੰਰਕ ਅਫਸਰ, ਜਲੰਧਰ
10. ਸੁਪਰਡੰਟ ਗਰੇਡ-1, ਪੀ.ਏ. ਟੂ ਡੀ.ਐਮ., ਸਟੈਨੋ ਟੂ ਏ.ਡੀ.ਐਮ, ਸਟੈਨੋ ਟੂ ਏ.ਸੀ(ਜ), ਸਟੈਨੋ ਟੂ ਏ.ਸੀ(ਸ਼ਿ)

15/4/2020

ਵਾ. ਜਿਲ੍ਹਾ ਮੈਜਿਸਟਰੇਟ
ਜਲੰਧਰ।

Scanned with CamScanner